ਪ੍ਰਭਾਤੀ ॥ ਬੇਦ ਕਤੇਬ ਕਹਹੁ ਮਤ ਝੂਠੇ ਝੂਠਾ ਜੋ ਨ ਬਿਚਾਰੈ ॥ ਜਉ ਸਭ ਮਹਿ ਏਕੁ ਖੁਦਾਇ ਕਹਤ ਹਉ ਤਉ ਕਿਉ ਮੁਰਗੀ ਮਾਰੈ ॥੧॥ ਮੁਲਾਂ ਕਹਹੁ ਨਿਆਉ ਖੁਦਾਈ ॥ ਤੇਰੇ ਮਨ ਕਾ ਭਰਮੁ ਨ ਜਾਈ ॥੧॥ ਰਹਾਉ ॥ ਪਕਰਿ ਜੀਉ ਆਨਿਆ ਦੇਹ ਬਿਨਾਸੀ ਮਾਟੀ ਕਉ ਬਿਸਮਿਲਿ ਕੀਆ ॥ ਜੋਤਿ ਸਰੂਪ ਅਨਾਹਤ ਲਾਗੀ ਕਹੁ ਹਲਾਲੁ ਕਿਆ ਕੀਆ ॥ ੨ ॥ ਕਿਆ ਉਜੂ ਪਾਕੁ ਕੀਆ ਮੁਹੁ ਧੋਇਆ ਕਿਆ ਮਸੀਤਿ ਸਿਰੁ ਲਾਇਆ ॥ ਜਉ ਦਿਲ ਮਹਿ ਕਪਟੁ ਨਿਵਾਜ ਗੁਜਾਰਹੁ ਕਿਆ ਹਜ ਕਾਬੈ ਜਾਇਆ ॥੩॥ ਤੂੰ ਨਾਪਾਕੁ ਪਾਕੁ ਨਹੀ ਸੂਝਿਆ ਤਿਸ ਕਾ ਮਰਮੁ ਨ ਜਾਨਿਆ ॥ ਕਹਿ ਕਬੀਰ ਭਿਸਤਿ ਤੇ ਚੂਕਾ ਦੋਜਕ ਸਿਉ ਮਨੁ ਮਾਨਿਆ ॥੪॥੪॥ {ਪੰਨਾ 1350}

ਪਦ ਅਰਥ:- ਮੁਲਾਂ—ਹੇ ਮੁੱਲਾਂ! ਕਹਹੁ—ਸੁਣਾਉਂਦਾ ਹੈਂ। ਨਿਆਉ—ਇਨਸਾਫ਼।1। ਰਹਾਉ।

ਆਨਿਆ—ਲਿਆਂਦਾ। ਦੇਹ—ਸਰੀਰ। ਬਿਸਮਿਲ—(ਅ: ਬਿਸਮਿੱਲਾਹ—ਅੱਲਾਹ ਦੇ ਨਾਮ ਤੇ, ਖ਼ੁਦਾ ਵਾਸਤੇ। ਮੁਰਗੀ ਆਦਿਕ ਕਿਸੇ ਜੀਵ ਦਾ ਮਾਸ ਤਿਆਰ ਕਰਨ ਵੇਲੇ ਮੁਸਲਮਾਨ ਲਫ਼ਜ਼ 'ਬਿਸਮਿੱਲਾਹ'' ਪੜ੍ਹਦਾ ਹੈ, ਭਾਵ ਇਹ ਕਿ ਮੈਂ 'ਅੱਲਾਹ ਦੇ ਨਾਮ ਤੇ, ਅੱਲਾਹ ਦੀ ਖ਼ਾਤਰ' ਇਸ ਨੂੰ ਜ਼ਬਹ ਕਰਦਾ ਹਾਂ। ਸੋ, 'ਬਿਸਮਿਲ' ਕਰਨ ਦਾ ਅਰਥ ਹੈ 'ਜ਼ਬਹ ਕਰਨਾ')। ਜੋਤਿ ਸਰੂਪ—ਉਹ ਪ੍ਰਭੂ ਜਿਸ ਦਾ ਸਰੂਪ ਜੋਤ ਹੀ ਜੋਤ ਹੈ, ਜੋ ਨਿਰਾ ਨੂਰ ਹੀ ਨੂਰ ਹੈ। ਅਨਾਹਤ—ਅਨਾਹਤ ਦੀ, ਅਵਿਨਾਸੀ ਪ੍ਰਭੂ ਦੀ। ਲਾਗੀ—ਹਰ ਥਾਂ ਲੱਗੀ ਹੋਈ ਹੈ, ਹਰ ਥਾਂ ਮੌਜੂਦ ਹੈ। ਹਲਾਲੁ—ਜਾਇਜ਼, ਭੇਟ ਕਰਨ-ਜੋਗ, ਰੱਬ ਦੇ ਨਾਮ ਤੇ ਕੁਰਬਾਨੀ ਦੇਣ ਦੇ ਲਾਇਕ।2।

ਉਜੂ—ਉਜ਼ੂ, ਨਮਾਜ਼ ਪੜ੍ਹਨ ਤੋਂ ਪਹਿਲਾਂ ਹੱਥ ਪੈਰ ਮੂੰਹ ਧੋਣ ਦੀ ਕ੍ਰਿਆ। ਪਾਕੁ—ਪਵਿੱਤਰ।3।

ਨਾਪਾਕੁ—ਪਲੀਤ, ਅਪਵਿੱਤਰ, ਮੈਲਾ, ਮਲੀਨ। ਪਾਕੁ—ਪਵਿੱਤਰ ਪ੍ਰਭੂ। ਮਰਮੁ—ਭੇਤ। ਚੂਕਾ—ਖੁੰਝ ਗਿਆ ਹੈਂ। ਸਿਉ—ਨਾਲ।4।

ਅਰਥ:- (ਹੇ ਹਿੰਦੂ ਤੇ ਮੁਸਲਮਾਨ ਵੀਰੋ!) ਵੇਦਾਂ ਜਾਂ ਕੁਰਾਨ ਆਦਿਕ (ਇਕ ਦੂਜੇ ਦੀਆਂ) ਧਰਮ-ਪੁਸਤਕਾਂ ਨੂੰ ਝੂਠੀਆਂ ਨਾਹ ਆਖੋ। ਝੂਠਾ ਤਾਂ ਉਹ ਬੰਦਾ ਹੈ ਜੋ ਇਹਨਾਂ ਧਰਮ-ਪੁਸਤਕਾਂ ਦੀ ਵਿਚਾਰ ਨਹੀਂ ਕਰਦਾ। (ਭਲਾ, ਹੇ ਮੁੱਲਾਂ!) ਜੇ ਤੂੰ ਇਹ ਆਖਦਾ ਹੈਂ ਕਿ ਖ਼ੁਦਾ ਸਭ ਜੀਵਾਂ ਵਿਚ ਮੌਜੂਦ ਹੈ ਤਾਂ (ਉਸ ਖ਼ੁਦਾ ਅੱਗੇ ਕੁਰਬਾਨੀ ਦੇਣ ਲਈ) ਮੁਰਗੀ ਕਿਉਂ ਮਾਰਦਾ ਹੈਂ? (ਕੀ ਉਸ ਮੁਰਗੀ ਵਿਚ ਉਹ ਆਪ ਨਹੀਂ ਹੈ? ਮੁਰਗੀ ਵਿਚ ਬੈਠੇ ਖ਼ੁਦਾ ਦੀ ਅੰਸ਼ ਨੂੰ ਮਾਰ ਕੇ ਖ਼ੁਦਾ ਦੇ ਅੱਗੇ ਹੀ ਭੇਟਾ ਕਰਨ ਦਾ ਕੀਹ ਭਾਵ ਹੈ?।1।

ਹੇ ਮੁੱਲਾਂ! ਤੂੰ (ਹੋਰ ਲੋਕਾਂ ਨੂੰ ਤਾਂ) ਖ਼ੁਦਾ ਦਾ ਨਿਆਂ ਸੁਣਾਉਂਦਾ ਹੈਂ, ਪਰ ਤੇਰੇ ਆਪਣੇ ਮਨ ਦਾ ਭੁਲੇਖਾ ਅਜੇ ਦੂਰ ਹੀ ਨਹੀਂ ਹੋਇਆ।1। ਰਹਾਉ।

ਹੇ ਮੁੱਲਾਂ! (ਮੁਰਗ਼ੀ ਆਦਿਕ) ਜੀਵ ਨੂੰ ਫੜ ਕੇ ਤੂੰ ਲੈ ਆਂਦਾ, ਉਸ ਦਾ ਸਰੀਰ ਤੂੰ ਨਾਸ ਕੀਤਾ, ਉਸ (ਦੇ ਜਿਸਮ) ਦੀ ਮਿੱਟੀ ਨੂੰ ਤੂੰ ਖ਼ੁਦਾ ਦੇ ਨਾਮ ਤੇ ਕੁਰਬਾਨ ਕੀਤਾ (ਭਾਵ, ਖ਼ੁਦਾ ਦੀ ਨਜ਼ਰ-ਭੇਟ ਕੀਤਾ)। ਪਰ ਹੇ ਮੁੱਲਾਂ! ਜੋ ਖ਼ੁਦਾ ਨਿਰਾ ਨੂਰ ਹੀ ਨੂਰ ਹੈ, ਤੇ ਜੋ ਅਵਿਨਾਸ਼ੀ ਹੈ ਉਸ ਦੀ ਜੋਤ ਤਾਂ ਹਰ ਥਾਂ ਮੌਜੂਦ ਹੈ, (ਉਸ ਮੁਰਗ਼ੀ ਵਿਚ ਭੀ ਹੈ ਜੋ ਤੂੰ ਖ਼ੁਦਾ ਦੇ ਨਾਮ ਤੇ ਕੁਰਬਾਨ ਕਰਦਾ ਹੈਂ) ਤਾਂ ਫਿਰ, ਦੱਸ, ਤੂੰ ਰੱਬ ਦੇ ਨਾਮ ਤੇ ਕੁਰਬਾਨੀ ਦੇਣ ਦੇ ਲਾਇਕ ਕਿਹੜੀ ਚੀਜ਼ ਬਣਾਈ?।2।

ਹੇ ਮੁੱਲਾਂ! ਜੇ ਤੂੰ ਆਪਣੇ ਦਿਲ ਵਿਚ ਕਪਟ ਰੱਖ ਕੇ ਨਿਮਾਜ਼ ਪੜ੍ਹਦਾ ਹੈਂ, ਤਾਂ ਇਹ ਨਿਮਾਜ਼ ਦਾ ਕੀਹ ਫ਼ਾਇਦਾ? ਪੈਰ ਹੱਥ ਆਦਿਕ ਸਾਫ਼ ਕਰਨ ਦੀ ਰਸਮ ਦਾ ਕੀਹ ਲਾਭ? ਮੂੰਹ ਧੋਣ ਦਾ ਕੀਹ ਗੁਣ? ਮਸਜਦ ਵਿਚ ਜਾ ਕੇ ਸਜਦਾ ਕਰਨ ਦੀ ਕੀਹ ਲੋੜ? ਤੇ, ਕਾਹਬੇ ਦੇ ਹੱਜ ਦਾ ਕੀਹ ਫ਼ਾਇਦਾ?।3।

ਹੇ ਮੁੱਲਾਂ! ਤੂੰ ਅੰਦਰੋਂ ਤਾਂ ਪਲੀਤ ਹੀ ਰਿਹਾ, ਤੈਨੂੰ ਉਸ ਪਵਿੱਤਰ ਪ੍ਰਭੂ ਦੀ ਸਮਝ ਨਹੀਂ ਪਈ, ਤੂੰ ਉਸ ਦਾ ਭੇਤ ਨਹੀਂ ਪਾਇਆ। ਕਬੀਰ ਆਖਦਾ ਹੈ—(ਇਸ ਭੁਲੇਖੇ ਵਿਚ ਫਸੇ ਰਹਿ ਕੇ) ਤੂੰ ਬਹਿਸ਼ਤ ਤੋਂ ਖੁੰਝ ਗਿਆ ਹੈਂ, ਤੇ ਦੋਜ਼ਕ ਨਾਲ ਤੇਰਾ ਮਨ ਪਤੀਜ ਗਿਆ ਹੈ।4। 4।

ਸ਼ਬਦ ਦਾ ਭਾਵ:- ਨਿਰੀ ਸ਼ਰਹ—ਜੇ ਦਿਲ ਵਿਚ ਠੱਗੀ ਹੈ, ਤਾਂ ਨਿਮਾਜ਼, ਹੱਜ ਆਦਿ ਸਭ ਕੁਝ ਵਿਅਰਥ ਉੱਦਮ ਹੈ। ਸਭ-ਵਿਚ-ਵੱਸਦਾ ਰੱਬ ਮੁਰਗ਼ੀ ਆਦਿਕ ਦੀ ‘ਕੁਰਬਾਨੀ’ ਨਾਲ ਭੀ ਖ਼ੁਸ਼ ਨਹੀਂ ਹੁੰਦਾ।